# ਪੰਜਾਬ ਵਿਧਾਨ ਸਭਾ ਸਕੱਤਰੇਤ

## ਸੋਮਵਾਰ, ਮਿਤੀ 26 ਮਾਰਚ, 2018 ਨੂੰ ਹੋਣ ਵਾਲੀ ਪੰਜਾਬ ਵਿਧਾਨ ਸਭਾ ਦੀ ਬੈਠਕ ਵਿੱਚ ਪੁੱਛੇ ਜਾਣ ਵਾਲੇ ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ।

### ਬਨੂੜ ਕੈਨਾਲ ਪ੍ਰਾਜੈਕਟ ਵਿਚ ਹੋਏ ਘਪਲੇ ਸਬੰਧੀ

159. ਸਰਦਾਰ ਕੁਲਤਾਰ ਸਿੰਘ ਸੰਧਵਾਂ, ਐਮ.ਐਲ.ਏ.:- ਕੀ ਮੁੱਖ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਇਹ ਠੀਕ ਹੈ ਕਿ ਬਨੂੜ ਕੈਨਾਲ ਪ੍ਰਾਜੈਕਟ ਵਿਚ ਹੋਏ ਘਪਲੇ ਸੰਬਧੀ ਵਿਜੀਲੈਂਸ ਵਿਭਾਗ ਵਲੋਂ ਪੜਤਾਲ ਕੀਤੀ ਗਈ ਹੈ; ਜੇਕਰ ਹਾਂ ਤਾਂ ਪੜਤਾਲੀਆ ਰਿਪੋਰਟ ਦੀ ਕਾਪੀ ਦਿੱਤੀ ਜਾਵੇ;

ਅ) ਕੀ ਇਹ ਠੀਕ ਹੈ ਕਿ ਉਪਰੋਕਤ ਭਾਗ (ੳ) ਵਿਚ ਦਰਜ ਪੜਤਾਲ ਕਰਨ ਦੌਰਾਨ ਸਬੰਧਤ ਠੇਕੇਦਾਰ ਵਲੋਂ ਆਪਣੇ ਬੈਂਕ ਖਾਤਿਆਂ ਵਿਚੋਂ 100 ਕਰੋੜ ਰੁਪਏ ਤੋਂ ਵੱਧ ਰਕਮ ਦੀ ਨਿਕਾਸੀ ਕੀਤੀ ਗਈ ਹੈ;

ੲ) ਜੇਕਰ ਭਾਗ (ਅ) ਦਾ ਜਵਾਬ ਹਾਂ ਵਿਚ ਹੈ ਤਾਂ ਇਸ ਦੇ ਲਈ ਕਿਹੜਾ ਵਿਜੀਲੈਂਸ ਅਧਿਕਾਰੀ ਜਿੰਮੇਵਾਰ ਹੈ ਅਤੇ ਪੰਜਾਬ ਸਰਕਾਰ ਉਸ ਦੇ ਖਿਲਾਫ ਕੀ ਕਾਰਵਾਈ ਕਰ ਰਹੀ ਹੈ?

### ਐਸ.ਸੀ/ਬੀ.ਸੀ. ਵਿਦਿਆਰਥੀਆਂ ਨੂੰ ਵੰਡੀ ਗਈ ਸਕਲਾਰਸ਼ਿਪ ਵਿਚ ਗਬਨ

160. ਸਰਦਾਰ ਕੁਲਤਾਰ ਸਿੰਘ ਸੰਧਵਾਂ, ਐਮ.ਐਲ.ਏ.:- ਕੀ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਇਹ ਠੀਕ ਹੈ ਕਿ ਅਕਾਲੀ ਭਾਜਪਾ ਸਰਕਾਰ ਸਮੇ ਸਾਲ 2011-12 ਤੋਂ 2016-17 ਤੱਕ ਅਨੁਸਚਿਤ ਜਾਤੀ ਅਤੇ ਪਛੜੀ ਜਾਤੀ ਦੇ ਨਾਲ ਸਬੰਧਤ ਵਿਦਿਆਰਥੀਆਂ ਨੂੰ ਵੰਡੀ ਗਈ ਸਕਾਲਰਸ਼ਿਪ ਵਿਚ 54 ਕਰੋੜ ਰੁਪਏ ਦਾ ਗਬਨ ਸਾਹਮਣੇ ਆਇਆ ਹੈ;

ਅ) ਜੇਕਰ ਉਪਰੋਕਤ ਭਾਗ (ੳ) ਦਾ ਜਵਾਬ ਹਾਂ ਵਿਚ ਹੈ ਤਾਂ ਪੰਜਾਬ ਸਰਕਾਰ ਵਲੋਂ ਉਨਾਂ ਸੰਸਥਾਵਾਂ ਦੇ ਮੁਖੀਆਂ ਅਤੇ ਸਬੰਧਤ ਅਧਿਕਾਰੀਆਂ ਦੇ ਖਿਲਾਫ ਕੀ ਕਾਨੂੰਨੀ/ਵਿਭਾਗੀ ਕਾਰਵਾਈ ਕੀਤੀ ਗਈ ਹੈ ਜੋ ਇਸ ਗਬਨ ਵਿਚ ਸ਼ਾਮਲ ਸਨ;

ੲ) ਭਾਗ (ੳ) ਵਿਚ ਵਰਣਿਤ ਗਬਨ ਕਰਨ ਵਾਲੀਆਂ ਕਿਹੜੀਆਂ ਕਿਹੜੀਆਂ ਸੰਸਥਾਵਾਂ ਸਨ ਅਤੇ ਕੀ ਇਨ੍ਹਾਂ ਸੰਸਥਾਵਾਂ ਦੀ ਮਾਨਤਾ ਰੱਦ ਕਰਨ ਲਈ ਸਬੰਧਤ ਸਮਰੱਥ ਅਧਿਕਾਰੀ ਨੂੰ ਸ਼ਿਫਾਰਸ਼ ਕੀਤੀ ਗਈ ਹੈ?

### ਪੰਜਾਬ ਰਾਜ ਵਿਚ ਨਹਿਰੀ ਵਿਭਾਗ ਦੀਆਂ ਕੋਠੀਆਂ ਅਤੇ ਰੈਸਟ ਹਾਊਸਾਂ ਦੇ ਵੇਰਵੇ

161. ਸਰਦਾਰ ਕੁਲਤਾਰ ਸਿੰਘ ਸੰਧਵਾਂ, ਐਮ.ਐਲ.ਏ.:- ਕੀ ਮੁੱਖ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਪੰਜਾਬ ਰਾਜ ਵਿਚ ਨਹਿਰੀ ਵਿਭਾਗ ਦੀਆਂ ਕੋਠੀਆਂ ਅਤੇ ਰੈਸਟ ਹਾਊਸਾਂ ਦੇ ਵੇਰਵੇ ਕੀ ਹਨ;

ਅ) ਉਪਰੋਕਤ ਭਾਗ (ੳ) ਵਿਚ ਦਰਜ ਕੋਠੀਆਂ ਅਤੇ ਰੈਸਟ ਹਾਊਸਾਂ ਦੀ ਮੁਰੰਮਤ ਅਤੇ ਰੱਖ ਰਖਾਵ ਲਈ ਪੰਜਾਬ ਸਰਕਾਰ ਨੇ 1-1-2012 ਤੋਂ ਹੁਣ ਤੱਕ ਸਾਲਵਾਰ ਅਤੇ ਕੋਠੀ/ਰੈਸਟ ਹਾਊਸ ਵਾਈਜ ਕਿੰਨੀ ਰਕਮ ਖਰਚ ਕੀਤੀ ਹੈ;

ੲ) ਕੀ ਇਹ ਠੀਕ ਹੈ ਕਿ ਭਾਗ (ੳ) ਵਿਚ ਦਰਜ ਕੋਠੀਆਂ ਅਤੇ ਰੈਸਟ ਹਾਊਸ ਤਕਰੀਬਨ ਸਾਰੇ ਹੀ ਇਸ ਸਮੇਂ ਖੰਡਰ ਦਾ ਰੂਪ ਧਾਰਨ ਕਰ ਰਹੇ ਹਨ; ਜੇਕਰ ਅਜਿਹਾ ਹੋਵੇ ਤਾਂ ਇਨ੍ਹਾਂ ਦੀ ਸੰਭਾਲ ਲਈ ਪੰਜਾਬ ਸਰਕਾਰ ਕੀ ਉਪਰਾਲੇ ਕਰ ਰਹੀ ਹੈ?

### ਭੀਖੀ ਜ਼ਿਲ੍ਹਾ ਮਾਨਸਾ ਵਿਖੇ ਨਗਰ ਪੰਚਾਇਤ ਵੱਲੋਂ ਜਮੀਨ ਵੇਚਣ ਦਾ ਘਪਲਾ

162. ਸਰਦਾਰ ਕੁਲਤਾਰ ਸਿੰਘ ਸੰਧਵਾਂ, ਐਮ.ਐਲ.ਏ.:- ਕੀ ਸਥਾਨਕ ਸਰਕਾਰ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਇਹ ਠੀਕ ਹੈ ਕਿ ਭੀਖੀ, ਜਿਲ੍ਹਾ ਮਾਨਸਾ ਵਿਖੇ ਨਗਰ ਪੰਚਾਇਤ ਵਲੋਂ ਸਾਲ 2015 ਵਿਚ ਕਰੋੜਾਂ ਰੁਪਏ ਦੀ ਜਮੀਨ ਨਿਯਮਾਂ ਦੇ ਉਲਟ ਕੌਡੀਆਂ ਦੇ ਭਾਅ ਵੇਚ ਦਿੱਤੀ ਹੈ;

ਅ) ਜੇਕਰ ਉਪਰੋਕਤ ਭਾਗ (ੳ) ਦਾ ਜਵਾਬ ਹਾਂ ਵਿਚ ਹੋਵੇ ਤਾਂ ਇਸ ਘਪਲੇ ਵਿਚ ਕਿਹੜੇ ਕਿਹੜੇ ਅਧਿਕਾਰੀ/ਕਰਮਚਾਰੀ ਸ਼ਾਮਲ ਸਨ ਅਤੇ ਪੰਜਾਬ ਸਰਕਾਰ ਨੇ ਉਨ੍ਹਾਂ ਖਿਲਾਫ ਕੀ ਕਾਰਵਾਈ ਕੀਤੀ ਹੈ;

ੲ) ਪੰਜਾਬ ਸਰਕਾਰ ਉਪਰੋਕਤ ਨਗਰ ਪੰਚਾਇਤ ਦੀ ਜਮੀਨ ਵਾਪਸ ਹਾਸਲ ਕਰਨ ਲਈ ਕੀ ਉਪਰਾਲੇ ਕਰ ਰਹੀ ਹੈ?

ਚੰਡੀਗੜ੍ਹ
ਮਿਤੀ 23 ਮਾਰਚ, 2018

ਸੁਪਰਡੈਂਟ
ਪੰਜਾਬ ਵਿਧਾਨ ਸਭਾ
ਚੰਡੀਗੜ੍ਹ

ਸ਼ਸ਼ੀ ਲਖਨਪਾਲ ਮਿਸ਼ਰਾ,
ਸਕੱਤਰ,
ਪੰਜਾਬ ਵਿਧਾਨ ਸਭਾ।